# ਯੂਕਰੇਨ ਦੇ ਵਿਦੇਸ਼ ਮੰਤਰੀ ਦਾ ਭਾਰਤ ਨੂੰ ਦੌਰਾ

ਮਾਰਚ 27, 2024

ਯੂਕਰੇਨ ਦੇ ਵਿਦੇਸ਼ ਮਾਮਲਿਆਂ ਦੇ ਮੰਤਰੀ, ਮਹਾਮਹਿਮ ਦਮਿਤਰੋ ਕੁਲੇਬਾ, ਵਿਦੇਸ਼ ਮੰਤਰੀ ਦੇ ਸੱਦੇ 'ਤੇ, ਦੋ ਦਿਨਾਂ ਦੇ ਸਰਕਾਰੀ ਦੌਰੇ ਲਈ 28 ਮਾਰਚ 2024 ਨੂੰ ਨਵੀਂ ਦਿੱਲੀ ਪਹੁੰਚਣਗੇ।

2. ਆਪਣੇ ਦੌਰੇ ਦੇ ਦੌਰਾਨ, ਵਿਦੇਸ਼ ਮੰਤਰੀ ਕੁਲੇਬਾ ਕਈ ਰੁਝੇਵਿਆਂ ਵਿੱਚ ਸ਼ਾਮਲ ਹੋਣਗੇ, ਜਿਸ ਵਿੱਚ ਵਿਦੇਸ਼ ਮੰਤਰੀ ਅਤੇ ਉਪ ਰਾਸ਼ਟਰੀ ਸੁਰੱਖਿਆ ਸਲਾਹਕਾਰ ਨਾਲ ਅਧਿਕਾਰਤ ਬੈਠਕਾਂ ਵੀ ਸ਼ਾਮਲ ਹਨ ਤਾਂ ਜਿਨ੍ਹਾਂ ਵਿੱਚ ਆਪਸੀ ਹਿੱਤਾਂ ਦੇ ਖੇਤਰੀ ਅਤੇ ਵਿਸ਼ਵ-ਪੱਧਰੀ ਮੁੱਦਿਆਂ 'ਤੇ ਦੁਵੱਲੀ ਸਾਂਝੇਦਾਰੀ ਅਤੇ ਸਹਿਯੋਗ ਨਾਲ ਸਬੰਧਤ, ਮਾਮਲਿਆਂ ਬਾਰੇ ਚਰਚਾ ਕੀਤੀ ਜਾਵੇਗੀ। ਉਨ੍ਹਾਂ ਦੀ ਕਾਰੋਬਾਰੀ ਭਾਈਚਾਰੇ ਨਾਲ ਵੀ ਗੱਲਬਾਤ ਕਰਨ ਦੀ ਉਮੀਦ ਹੈ।

**ਨਵੀਂ ਦਿੱਲੀ**

**ਮਾਰਚ 27, 2024**